ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਵਲੰਟੀਅਰਾਂ ਦੀ ਮਦਦ ਨਾਲ ਦਿਹਾਤੀ ਖੇਤਰ ਵਿਚ ਰਾਹਤ ਮੁਹਿੰਮ ਚਲਾ ਰਹੀ ਹੈ ਪੁਲਿਸ**

**ਤਿੰਨ ਲੱਖ ਤੋਂ ਵੱਧ ਲੋਕਾਂ ਨੂੰ ਭੋਜਨ ਪ੍ਰਦਾਨ ਕਰ ਚੁੱਕੀ ਹੈ ਪੁਲਿਸ**

ਅੰਮ੍ਰਿਤਸਰ, 13 ਅਪ੍ਰੈਲ ( )-

ਤਾਲਾਬੰਦੀ ਦੌਰਾਨ ਸਾਰੇ ਲੋੜਵੰਦ ਵਿਅਕਤੀਆਂ ਨੂੰ ਭੋਜਨ ਅਤੇ ਜ਼ਰੂਰੀ ਵਸਤਾਂ ਦੀ ਢੁੱਕਵੀਂ ਸਪਲਾਈ ਅਤੇ ਵੰਡ ਯਕੀਨੀ ਬਣਾਉਣ ਲਈ ਪੰਜਾਬ ਪੁਲਿਸ ਨੇ ਅੰਮ੍ਰਿਤਸਰ ਜਿਲੇ ਵਿੱਚ ਖੁਰਾਕ ਪੂਲ ਤਿਆਰ ਕੀਤਾ ਹੈ, ਇਸ ਵਿਚ ਸਿਵਲ ਪ੍ਰਸ਼ਾਸਨ ਨਾਲ ਮਿਲ ਕੇ ਕੰਮ ਕਰਨ ਲਈ ਪਿੰਡ ਦੇ ਪੁਲਿਸ ਅਧਿਕਾਰੀ (ਵੀਪੀਓਜ਼), ਐਨਜੀਓਜ਼, ਦਾਨੀ, ਵਲੰਟੀਅਰਾਂ ਤੋਂ ਇਲਾਵਾ ਧਾਰਮਿਕ ਸੰਸਥਾਵਾਂ ਅਤੇ ਸਮਾਜ ਭਲਾਈ ਗਰੁੱਪਾਂ ਨੂੰ ਸ਼ਾਮਲ ਕੀਤਾ ਗਿਆ ਹੈ। ਉਕਤ ਜਾਣਕਾਰੀ ਦਿੰਦੇ ਜਿਲਾ ਪੁਲਿਸ ਮੁਖੀ ਸ੍ਰੀ ਵਿਕਰਮ ਦੁੱਗਲ ਨੇ ਦੱਸਿਆ ਕਿ ਦਾਨੀ ਸੱਜਣਾਂ ਨਾਲ ਤਾਲਮੇਲ ਕਰਨ ਲਈ ਵੀ.ਪੀ.ਓਜ਼ ਵੱਲੋਂ ਵਟਸਐਪ ਗਰੁੱਪਾਂ ਬਣਾਏ ਗਏ ਹਨ। ਭੋਜਨ, ਦਵਾਈਆਂ, ਸੈਨੇਟਰੀ ਪੈਡ, ਸੈਨੇਟਾਈਜ਼ਰ, ਮਾਸਕ ਅਤੇ ਸਾਬਣ ਆਦਿ ਵਸਤਾਂ ਪਹੁੰਚਾਉਣ ਦੀ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਹਰੇਕ ਸਮੂਹ ਵਿੱਚ ਸਬੰਧਤ ਖੇਤਰਾਂ ਦੇ ਔਸਤਨ 60/70 ਵਿਅਕਤੀ ਸ਼ਾਮਿਲ ਹਨ। ਪਿੰਡ ਜਾਂ ਵਾਰਡ-ਵਾਰ ਜ਼ਰੂਰਤਾਂ ਦਾ ਮੁਲਾਂਕਣ ਇਕ ਦਿਨ ਪਹਿਲਾਂ ਕੀਤਾ ਜਾਂਦਾ ਹੈ ਜਿਸਨੂੰ ਫਿਰ ਡੀਐਸਪੀ ਪੱਧਰ 'ਤੇ ਇਕਸਾਰ ਕੀਤਾ ਜਾਂਦਾ ਹੈ। ਉਨਾਂ ਦੱਸਿਆ ਕਿ ਸਾਰੇ ਦਾਨੀਆਂ ਤੋਂ ਪ੍ਰਾਪਤ ਰਾਸ਼ਨ ਦੀ ਵੰਡ ਐਨ.ਜੀ.ਓਜ਼ ਅਤੇ ਸਬੰਧਤ ਵੀਪੀਓਜ਼ ਦੁਆਰਾ ਕੀਤੀ ਜਾਂਦੀ ਹੈ, ਜੋ ਸਮਾਜਿਕ ਵਿੱਥ ਬਣਾਏ ਰੱਖਣ ਸਬੰਧੀ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਉਂਦੇ ਹਨ। ਉਨਾਂ ਦੱਸਿਆ ਕਿ ਜ਼ਿਲੇ ਭਰ ਵਿੱਚ 3 ਲੱਖ ਤੋਂ ਵੱਧ ਲੋਕਾਂ ਨੂੰ ਭੋਜਨ ਪ੍ਰਦਾਨ ਕੀਤਾ ਗਿਆ ਹੈ ਅਤੇ ਸੁੱਕੇ ਰਾਸ਼ਨ ਦੇ 60,230 ਪੈਕੇਟ ਵੰਡੇ ਗਏ ਹਨ।

ਉਨਾਂ ਦੱਸਿਆ ਕਿ ਅੰਮ੍ਰਿਤਸਰ ਦਿਹਾਤੀ ਜ਼ਿਲੇ ਵਿੱਚ 889 ਵੀਪੀਓਜ਼ (ਵਿਲੇਜ਼ ਪੁਲਿਸ ਅਧਿਕਾਰੀ) ਦੀ ਸਹਾਇਤਾ ਨਾਲ, ਇੱਕ ਮੁਹਿੰਮ, "ਮੈਂ ਹਾਂ ਵਲੰਟੀਅਰ" ਚਲਾਈ ਗਈ ਹੈ ਅਤੇ ਹੁਣ ਤੱਕ ਸਪਲਾਈ ਲਈ 532 ਅਤੇ ਵੰਡ ਲਈ 4580 ਵਲੰਟੀਅਰ ਸੂਚੀਬੱਧ ਕੀਤੇ ਜਾ ਚੁੱਕੇ ਹਨ। ਸਪਲਾਈ ਵਲੰਟੀਅਰਾਂ ਦੁਆਰ ਇਕੱਠਾ ਕੀਤਾ ਜਾਨ ਪੁਲਿਸ ਸਟੇਸ਼ਨ ਪੱਧਰ 'ਤੇ ਇਕੱਠੇ ਕੀਤੇ ਜਾਂਦੇ ਹਨ ਅਤੇ ਇਸ ਦੀ ਵੰਡ ਵਲੰਟੀਅਰਾਂ ਦੁਆਰਾ ਪਿੰਡਾਂ ਵਿਚ ਕੀਤੀ ਜਾ ਰਹੀ ਹੈ।

===========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਜ਼ਿਲਾ ਕਣਕ ਦੀ ਨਿਰਵਿਘਨ ਅਤੇ ਸੁਰੱਖਿਅਤ ਖਰੀਦ ਲਈ ਤਿਆਰ-ਡਿਪਟੀ ਕਮਿਸ਼ਨਰ**

**55 ਮੰਡੀਆਂ ਤੇ 9 ਸ਼ੈਲਰਾਂ ਵਿਚ ਕੀਤੀ ਜਾਵੇਗੀ ਕਣਕ ਦੀ ਖਰੀਦ**

**ਆੜਤੀਏ ਦੇਣਗੇ ਕਿਸਾਨ ਨੂੰ ਕਣਕ ਲਿਆਉਣ ਲਈ ਕੂਪਨ**

ਅੰਮ੍ਰਿਤਸਰ, 13 ਅਪ੍ਰੈਲ ( )-

ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਨਿਰਦੇਸ਼ਾਂ 'ਤੇ ਜ਼ਿਲੇ ਵਿਚ ਕਣਕ ਦੀ ਨਿਰਵਿਘਨ ਅਤੇ ਸੁਰੱਖਿਅਤ ਖਰੀਦ ਯਕੀਨੀ ਬਨਾਉਣ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਅਤੇ 15 ਅਪ੍ਰੈਲ ਤੋਂ ਕਣਕ ਦੀ ਸਰਕਾਰੀ ਖਰੀਦ ਸ਼ੁਰੂ ਕਰ ਦਿੱਤੀ ਜਾਵੇਗੀ। ਉਕਤ ਸਬਦਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਮਾਲ ਰੋਡ ਸਕੂਲ ਦੇ ਹਾਲ ਵਿਚ ਕਣਕ ਦੀ ਖਰੀਦ ਵਿਚ ਕੰਮ ਕਰਨ ਵਾਲੇ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਵਿਸਥਾਰਤ ਮੀਟਿੰਗ ਮਗਰੋਂ ਕੀਤਾ।

ਉਨਾਂ ਕਿਹਾ ਕਿ ਹਰ ਹੀਲੇ ਕਣਕ ਦਾ ਇਕ-ਇਕ ਦਾਣਾ ਖਰੀਦਣ ਲਈ ਸਾਡੇ ਸਾਰੇ ਪ੍ਰਬੰਧ ਹੋ ਚੁੱਕੇ ਹਨ ਅਤੇ ਇਸ ਲਈ 55 ਮੰਡੀਆਂ ਦੇ ਨਾਲ-ਨਾਲ 9 ਸ਼ੈਲਰਾਂ ਨੂੰ ਵੀ ਮੰਡੀ ਵਜੋਂ ਆਰਜ਼ੀ ਤੌਰ ਉਤੇ ਵਰਤਿਆ ਜਾ ਰਿਹਾ ਹੈ। ਉਨਾਂ ਦੱਸਿਆ ਕਿ ਇਸ ਤੋਂ ਇਲਾਵਾ ਵੀ ਜੇਕਰ ਸਾਨੂੰ ਲੋੜ ਮਹਿਸੂਸ ਹੋਈ ਤਾਂ ਅਸੀਂ ਹੋਰ ਮੰਡੀਆਂ ਦਾ ਪ੍ਰਬੰਧ ਕਰ ਲਵਾਂਗੇ, ਪਰ ਕਣਕ ਦੀ ਖਰੀਦ ਮੌਕੇ ਕੋਵਿਡ 19 ਦੇ ਸਬੰਧ ਵਿਚ ਸਿਹਤ ਵਿਭਾਗ ਵੱਲੋਂ ਦਿੱਤੀਆਂ ਸਾਵਧਾਨੀਆਂ ਦਾ ਪਾਲਣ ਕਰਨਾ ਯਕੀਨੀ ਬਣਾਇਆ ਜਾਵੇਗਾ। ਉਨਾਂ ਦੱਸਿਆ ਕਿ ਜਿਲੇ ਦੀਆਂ ਮੰਡੀਆਂ ਵਿੱਚ 6.5 ਲੱਖ ਮੀਟਰਕ ਟਨ ਕਣਕ ਪਹੁੰਚਣ ਦੀ ਉਮੀਦ ਹੈ ਅਤੇ ਇਸ ਲਈ ਸਰਕਾਰੀ ਖਰੀਦ ਏਜੰਸੀਆਂ ਪਨਸਪ, ਮਾਰਕਫੈਡ, ਪਨਗਰੇਨ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ, ਫੂਡ ਕਾਰਪੋਰੇਸ਼ਨ ਆਫ ਇੰਡੀਆ ਵੱਲੋਂ ਬਾਰਦਾਨੇ ਦੇ ਪ੍ਰਬੰਧ ਕੀਤੇ ਜਾ ਚੁੱਕੇ ਹਨ। ਉਨਾਂ ਦੱਸਿਆ ਕਿ ਕੇਂਦਰ ਸਰਕਾਰ ਨੇ ਇਸ ਸਾਲ ਕਣਕ ਦਾ ਘੱਟੋ-ਘੱਟ ਸਮਰਥਨ ਮੁੱਲ 1925 ਰੁਪਏ ਤੈਅ ਕੀਤਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਭੀੜ ਤੋਂ ਬਚਣ ਅਤੇ ਸੁਖਾਲੀ ਖਰੀਦ ਯਕੀਨੀ ਬਣਾਉਣ ਲਈ ਆੜਤੀਆ ਦੁਆਰਾ ਕਿਸਾਨਾਂ ਨੂੰ ਹੋਲੋਗ੍ਰਾਮ ਨਾਲ ਕੂਪਨ ਜਾਰੀ ਕਰਕੇ ਮੰਡੀਆਂ ਵਿੱਚ ਫਸਲ ਦੀ ਖਿੰਡਵੀਂ ਆਮਦ ਵਾਸਤੇ ਵਿਸਥਾਰਤ ਕਾਰਜ ਯੋਜਨਾ ਬਣਾਈ ਗਈ ਹੈ। ਹਰੇਕ ਕੂਪਨ ਰਾਹੀਂ ਕਿਸਾਨ 50 ਤੋਂ 70 ਕੁਇੰਟਲ ਤੱਕ ਕਣਕ ਦੀ ਟਰਾਲੀ ਲਿਆਉਣ ਦਾ ਹੱਕਦਾਰ ਹੋਵੇਗਾ। ਮੰਡੀਆਂ ਵਿੱਚ ਭੀੜ ਤੋਂ ਬਚਣ ਲਈ ਹਰੇਕ ਕਿਸਾਨ ਹਰੇਕ ਦਿਨ ਜਾਂ ਵੱਖ-ਵੱਖ ਦਿਨਾਂ ਵਿੱਚ ਖਰੀਦ ਕੇਂਦਰਾਂ ਵਿੱਚ ਜਗਾਂ ਦੇ ਆਧਾਰ 'ਤੇ ਇਕ ਤੋਂ ਵੱਧ ਕੂਪਨਾਂ ਲਈ ਵੀ ਹੱਕਦਾਰ ਹੋਵੇਗਾ। ਉਨਾਂ ਕਿਹਾ ਕਿ ਕੂਪਨ ਮਾਰਕੀਟ ਕਮੇਟੀਆਂ ਵੱਲੋਂ ਆੜਤੀਆ ਨੂੰ ਜਾਰੀ ਕੀਤੇ ਜਾਣਗੇ।

ਉਨਾਂ ਦੱਸਿਆ ਕਿ ਕੋਰੋਨਾਵਾਇਰਸ ਦੇ ਖ਼ਤਰੇ ਨੂੰ ਰੋਕਣ ਲਈ ਲੋੜੀਂਦੀਆਂ ਸਾਰੀਆਂ ਸੁਰੱਖਿਆ ਵਿਧੀਆਂ, ਸਫਾਈ ਦੇ ਪ੍ਰੋਟੋਕਲ, ਸਮਾਜਿਕ ਦੂਰੀ ਦੇ ਨਿਯਮਾਂ, ਮਾਸਕ ਪਾਉਣ ਤੇ ਸੈਨੀਟਾਈਜ਼ਰਾਂ ਦੀ ਵਰਤੋਂ ਸਖਤੀ ਨਾਲ ਲਾਗੂ ਕਰਨੀ ਯਕੀਨੀ ਬਣਾਇਆ ਜਾਵੇ। ਉਨਾਂ ਦੱਸਿਆ ਕਿ ਮੰਡੀਆਂ ਵਿੱਚ ਸਾਫ ਪੀਣ ਵਾਲੇ ਪਾਣੀ, ਸਫਾਈ ਤੇ ਕੀਟਾਣੂੰ ਰਹਿਤ ਪ੍ਰਬੰਧਾਂ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਡਾ. ਹਿਮਾਸ਼ੂੰ

ਅਗਰਵਾਲ, ਸਹਾਇਕ ਕਮਿਸ਼ਨਰ ਸ. ਅੰਕੁਰਜੀਤ ਸਿੰਘ, ਐਸ ਡੀ ਐਮ ਸ੍ਰੀਮਤੀ ਸੁਮਿਤ ਮੁੱਧ, ਐਸ ਡੀ ਐਮ ਸ੍ਰੀਮਤੀ ਅਲਕਾ ਕਾਲੀਆ, ਐਸ ਡੀ ਐਮ ਸ੍ਰੀ ਵਿਕਾਸ ਹੀਰਾ, ਐਸ ਡੀ ਐਮ ਸ੍ਰੀ ਸਿਵਰਾਜ ਸਿੰਘ ਬੱਲ, ਐਸ ਡੀ ਐਮ ਸ੍ਰੀ ਦੀਪਕ ਭਾਟੀਆ, ਜਿਲਾ ਖੁਰਾਕ ਸਪਲਾਈ ਕੰਟਰੋਲਰ ਸ. ਲਖਵਿੰਦਰ ਸਿੰਘ, ਮੰਡੀ ਅਫਸਰ ਸ੍ਰੀ ਜਸਵਿੰਦਰ ਸਿੰਘ ਧਾਲੀਵਾਲ ਅਤੇ ਵੱਖ-ਵੱਖ ਖਰੀਦ ਏਜੰਸੀਆਂ ਦੇ ਜਿਲਾ ਮੈਨੇਜਰ ਹਾਜ਼ਰ ਸਨ।

ਕੈਪਸ਼ਨ

ਕਣਕ ਦੀ ਖਰੀਦ ਬਾਰੇ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ। ਨਾਲ ਹਨ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਅਗਰਵਾਲ

===========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਕੈਬਨਿਟ ਮੰਤਰੀ ਸੋਨੀ ਨੇ ਕੁਸ਼ਟ ਆਸ਼ਰਮ ਲਈ ਭੇਜੇ ਦੁੱਧ ਦੇ ਪੈਕੇਟ**

**ਲੋੜਵੰਦਾਂ ਲਈ ਮੇਰੇ ਘਰ ਦੇ ਦਰਵਾਜੇ ਸਦਾ ਖੁੱਲੇ-ਓ ਪੀ ਸੋਨੀ**

ਅੰਮ੍ਰਿਤਸਰ, 13 ਅਪ੍ਰੈਲ:

ਸ੍ਰੀ ਓਮ ਪ੍ਰਕਾਸ਼ ਸੋਨੀ ਡਾਕਟਰੀ ਸਿਖਿਆ ਤੇ ਖੋਜ ਮੰਤਰੀ ਪੰਜਾਬ ਵੱਲੋਂ ਰੋਜਾਨਾ ਕੇਂਦਰੀ ਵਿਧਾਨ ਸਭਾ ਹਲਕੇ ਅਧੀਨ ਪੈਂਦੇ ਵਾਰਡਾਂ ਵਿੱਚ ਲੋੜਵੰਦਾਂ ਲਈ ਸੁੱਕਾ ਰਾਸ਼ਨ ਅਤੇ ਲੰਗਰ ਭੇਜਿਆ ਜਾ ਰਿਹਾ ਹੈ। ਇਸੇ ਲੜੀ ਨੂੰ ਅੱਗੇ ਤੋਰਦਿਆਂ ਅੱਜ ਸ੍ਰੀ ਸੋਨੀ ਨੇ ਕੁਸ਼ਟ ਆਸ਼ਰਮ ਝਬਾਲ ਰੋਡ ਲਈ ਆਪਣੇ ਨਿਵਾਸ ਅਸਥਾਨ ਤੋਂ 500 ਪੈਕੇਟ ਦੁੱਧ ਦੇ ਰਵਾਨਾ ਕੀਤੇ।

ਸ੍ਰੀ ਸੋਨੀ ਨੇ ਕਿਹਾ ਕਿ ਕਰੋਨਾ ਵਾਇਰਸ ਕਰਕੇ ਸ਼ਹਿਰ ਵਿੱਚ ਲਾਕ ਡਾਉਨ ਹੋਇਆ ਹੈ, ਜਿਸ ਨਾਲ ਦਿਹਾੜੀਦਾਰ ਵਰਗ ਜੋ ਕਿ ਘਰ ਵਿੱਚ ਬੈਠੇ ਹੋਏ ਹਨ, ਲਈ ਪੰਜਾਬ ਸਰਕਾਰ ਵੱਲੋ ਲਗਾਤਾਰ ਸੁੱਕੇ ਰਾਸ਼ਨ ਦੀ ਸਪਲਾਈ ਕੀਤੀ ਜਾ ਰਹੀ ਹੈ। ਸ੍ਰੀ ਸੋਨੀ ਨੇ ਕਿਹਾ ਕਿ ਜੇਕਰ ਕਿਸੇ ਲੋੜਵੰਦ ਤੱਕ ਰਾਸ਼ਨ ਨਹੀਂ ਪੁੱਜਦਾ ਤਾਂ ਉਨਾਂ ਦੀ ਕੋਠੀ ਦੇ ਦਰਵਾਜੇ 24 ਘੰਟੇ ਖੁੱਲੇ ਹਨ। ਸ੍ਰੀ ਸੋਨੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਸ਼ਕਲ ਘੜੀ ਵਿੱਚ ਪ੍ਰਸਾਸ਼ਨ ਦਾ ਸਾਥ ਦੇਣ ਅਤੇ ਆਪਣੇ ਘਰਾਂ ਵਿੱਚ ਹੀ ਰਹਿਣ ਤਾਂ ਜੋ ਕਰੋਨਾ ਵਾਇਰਸ ਦੀ ਚੈਨ ਨੂੰ ਤੋੜਿਆ ਜਾ ਸਕੇ।

ਕੈਪਸ਼ਨ

ਸ੍ਰੀ ਓਮ ਪ੍ਰਕਾਸ਼ ਸੋਨੀ ਡਾਕਟਰੀ ਸਿਖਿਆ ਤੇ ਖੋਜ ਮੰਤਰੀ ਪੰਜਾਬ ਆਪਣੇ ਨਿਵਾਸ ਅਸਥਾਨ ਤੋਂ ਕੁਸ਼ਟ ਆਸ਼ਰਮ ਲਈ ਦੁੱਧ ਦੇ ਪੈਕੇਟ ਭੇਜਦੇ ਹੋਏ। ਨਾਲ ਹਨ ਸ੍ਰੀ ਵਿਕਾਸ ਸੋਨੀ ਕੌਂਸਲਰ।

=========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਕੈਬਨਿਟ ਮੰਤਰੀ ਸੋਨੀ ਨੇ ਵਿਸਾਖੀ ਮੌਕੇ ਜਲਿਆਂ ਵਾਲਾ ਬਾਗ ਦੇ ਸ਼ਹੀਦਾਂ ਨੂੰ ਕੀਤਾ ਯਾਦ**

**ਘਰ ਵਿੱਚ ਪਰਿਵਾਰ ਸਮੇਤ ਸਰਬਤ ਦੇ ਭਲੇ ਲਈ ਕੀਤੀ ਅਰਦਾਸ**

**ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਦਿੱਤੀ ਵਧਾਈ**

ਅੰਮ੍ਰਿਤਸਰ, 13 ਅਪ੍ਰੈਲ:

ਸ੍ਰੀ ਓਮ ਪ੍ਰਕਾਸ਼ ਸੋਨੀ ਡਾਕਟਰੀ ਸਿਖਿਆ ਅਤੇ ਖੋਜ ਮੰਤਰੀ ਪੰਜਾਬ ਨੇ ਸ਼ਹਿਰ ਵਾਸੀਆਂ ਨੂੰ ਵਿਸਾਖੀ ਦੀ ਵਧਾਈ ਦਿੰਦੇ ਜਲਿਆਂ ਵਾਲੇ ਬਾਗ ਦੇ ਸ਼ਹੀਦਾਂ ਨੂੰ ਸ਼ਰਧਾਜਲੀ ਭੇਂਟ ਕੀਤੀ। ਇਸ ਮੌਕੇ ਸ੍ਰੀ ਸੋਨੀ ਨੇ ਕਿਹਾ ਕਿ ਦੇਸ਼ ਮੁਸ਼ਕਲ ਦੀ ਘੜੀ ਵਿੱਚੋਂ ਗੁਜਰ ਰਿਹਾ ਹੈ ਅਤੇ ਸਾਡਾ ਸਭ ਦਾ ਫਰਜ ਬਣਦਾ ਹੈ ਕਿ ਇਕੱਠੇ ਹੋ ਕੇ ਇਸ ਮੁਸ਼ਕਲ ਦਾ ਮੁਕਾਬਲਾ ਕਰੀਏ। ਉਨਾਂ ਕਿਹਾ ਕਿ 13 ਅਪ੍ਰੈਲ 1919 ਨੂੰ ਵਿਸਾਖੀ ਵਾਲੇ ਦਿਨ ਅੰਗਰੇਜ ਸਰਕਾਰ ਨੇ ਜਲਿਆਂਵਾਲਾ ਬਾਗ ਵਿਖੇ ਵਿਸਾਖੀ ਮਨਾ ਰਹੇ ਅਨੇਕਾਂ ਹੀ ਨਿਹੱਥੇ ਲੋਕਾਂ ਤੇ ਗੋਲੀਆਂ ਚਲਾ ਕੇ ਮੌਤ ਦੇ ਘਾਟ ਉਤਾਰ ਦਿੱਤਾ ਸੀ। ਉਨਾਂ ਨੇ ਕਿਹਾ ਕਿ ਅੱਜ ਜਲਿਆਂਵਾਲਾ ਬਾਗ ਜਾ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨੀ ਚਾਹੁੰਦਾ ਸੀ, ਪਰ ਕਰਫਿਊ ਦੇ ਚੱਲਦੇ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਵੱਲੋਂ ਲੋਕਾਂ ਨੂੰ ਘਰਾਂ ਵਿਚ ਵਿਸਾਖੀ ਮਨਾਉਣ ਦੀ ਕੀਤੀ ਅਪੀਲ ਦੇ ਮੱਦੇਨਜ਼ਰ ਮੈਂ ਅੱਜ ਸ਼ਹੀਦਾਂ ਨੂੰ ਯਾਦ ਕਰਦਾ ਹੋਇਆ ਆਪਣੀ ਸੱਚੀ ਸ਼ਰਧਾ ਭੇਟ ਕਰਦਾ ਹਾਂ। ਉਨਾਂ ਕਿਹਾ ਕਿ ਸਾਨੂੰ ਸਭ ਦੇਸ਼ ਵਾਸੀਆਂ ਨੂੰ ਸ਼ਹੀਦਾਂ ਦੁਆਰਾ ਦਰਸਾਏ ਗਏ ਰਸਤੇ ਤੇ ਚੱਲਣ ਦਾ ਪ੍ਰਣ ਕਰਨਾ ਚਾਹੀਦਾ ਹੈ।

ਸ੍ਰੀ ਸੋਨੀ ਵੱਲੋਂ ਆਪਣੇ ਪਰਿਵਾਰ ਸਮੇਤ ਘਰ ਵਿੱਚ ਹੀ ਸਰਬੱਤ ਦੇ ਭਲੇ ਦੀ ਅਰਦਾਸ ਵੀ ਕੀਤੀ ਗਈ। ਸ੍ਰੀ ਸੋਨੀ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਪੁਰਬ ਵੀ ਆਪੋ ਆਪਣੇ ਘਰਾਂ ਵਿੱਚ ਬੈਠ ਕੇ ਲੋਕਾਂ ਨੂੰ ਮਨਾਉਨ ਦੀ ਅਪੀਲ ਕਰਦੇ ਸਮੁੱਚੀ ਲੋਕਾਈ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ।

ਕੈਪਸ਼ਨ : ਸ੍ਰੀ ਓਮ ਪ੍ਰਕਾਸ਼ ਸੋਨੀ ਡਾਕਟਰੀ ਸਿਖਿਆ ਅਤੇ ਖੋਜ ਮੰਤਰੀ ਪੰਜਾਬ ਆਪਣੇ ਪਰਿਵਾਰ ਸਮੇਤ ਸਰਬੱਤ ਦੇ ਭਲੇ ਲਈ ਅਰਦਾਸ ਕਰਦੇ ਹੋਏ।

========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਆਈ ਟੀ ਆਈ ਦੇ ਪ੍ਰਿੰਸੀਪਲ ਨੇ ਕੈਬਨਿਟ ਮੰਤਰੀ ਸੋਨੀ ਨੂੰ ਦਿੱਤੇ 2000 ਮਾਸਕ**

ਅੰਮ੍ਰਿਤਸਰ 13 ਅਪ੍ਰੈਲ ( )---

ਅੱਜ ਕਰੋਨਾ ਵਾਇਰਾਸ ਦੀ ਮਹਾਮਾਰੀ ਜੋ ਕਿ ਪੂਰੇ ਵਿਸ਼ਵ ਵਿੱਚ ਫੈਲੀ ਹੋਈ ਹੈ, ਆਮ ਲੋਕਾਂ, ਪੁਲਿਸ ਕਰਮਚਾਰੀਆ, ਸਿਹਤ ਵਿਭਾਗ, ਸਫਾਈ ਕਰਮਚਾਰੀਆ ਲਈ ਮਾਸਕ ਦੀ ਘਾਟ ਨੂੰ ਮੁੱਖ ਰੱਖਦੇ ਹੋਏ ਪ੍ਰਿੰਸੀਪਲ ਰਣਜੀਤ ਕੋਰ ਸਰਕਾਰੀ ਆਈ ਟੀ ਆਈ (ਇ:) ਰਈਆ ਐਟ ਭਿੰਡਰ ਅਤੇ ਬੇਰੀ ਗੇਟ ਅੰਮ੍ਰਿਤਸਰ ਨੇ ਸਟਾਫ ਦੀ ਸਹਾਇਤਾ ਨਾਲ ਕੈਬਨਿਟ ਮੰਤਰੀ ਸ੍ਰੀ ਓਮ ਪ੍ਰਕਾਸ ਸੋਨੀ ਨੂੰ ਲੋੜਵੰਦਾਂ ਦੀ ਸਹਾਇਤਾ ਲਈ 2000 ਮਾਸਕ ਤਿਆਰ ਕਰਕੇ ਦਿੱਤੇ ਗਏ।

ਸ੍ਰੀ ਸੋਨੀ ਵਲੋਂ ਇਨਾਂ ਮਾਸਕਾਂ ਨੂੰ ਆਮ ਲੋਕਾਂ , ਨਜਦੀਕੀ ਪੁਲਿਸ ਚੋਕੀਆਂ, ਪੁਲਿਸ ਥਾਇਆਂ, ਸਫਾਈ ਕਰਮਚਾਰੀਆ, ਗੁਰੂ ਨਾਨਕ ਦੇਵ ਹਸਪਤਾਲ ਅਤੇ ਨਜਦੀਕੀ ਹਸਪਤਾਲਾਂ ਵਿੱਚ ਮੁਫਤ ਵੰਡੇ। ਸ੍ਰੀ ਸੋਨੀ ਨੇ ਆਈ ਟੀ ਆਈ ਕਰਮਚਾਰੀਆਂ ਦੀ ਇਸ ਕੰਮ ਦੀ ਸ਼ਲਾਘਾ ਕੀਤੀ। ਪ੍ਰਿੰਸੀਪਲ ਰਣਜੀਤ ਕੌਰ ਨੇ ਦੱਸਿਆ ਕਿ ਸ੍ਰੀ ਸੋਨੀ ਵਲੋਂ ਕਰਮਚਾਰੀਆਂ ਨੂੰ ਉਤਸ਼ਾਹਿਤ ਕਰਨ ਤੇ ਸਟਾਫ ਅਤੇ ਸਿਖਿਆਰਥਣਾ ਵਲੋਂ ਹੋਰ 10,000 ਮਾਸਕ ਬਣਾਏ ਜਾ ਰਹੇ ਹਨ। ਇਸ ਕੰਮ ਨੂੰ ਹੋਰ ਉਤਸ਼ਾਹਿਤ ਕਰਨ ਲਈ ਰਿਟਾਇਰ ਪ੍ਰਿੰਸੀਪਲ ਕਰਨੈਲ ਸਿੰਘ ਨੇ 5000/- ਰੁਪਏ ਦੀ ਵਿੱਤੀ ਸਹਾਇਤਾ ਪ੍ਰਿੰਸੀਪਲ ਰਣਜੀਤ ਕੋਰ ਸਰਕਾਰੀ ਆਈ ਟੀ ਆਈ (ਇ:) ਰਈਆ ਐਟ ਭਿੰਡਰ ਨੂੰ ਦਿਤੀ ਗਈ ਦੇ ਨਾਲ ਹੀ 200 ਗਰੀਬ ਲੋਕਾਂ ਨੂੰ ਸੁੱਕਾ ਰਾਸ਼ਨ ਵੀ ਵੰਡਿਆ ਗਿਆ।

ਕੈਪਸ਼ਨ : ਪ੍ਰਿੰਸੀਪਲ ਰਣਜੀਤ ਕੌਰ ਆਈ ਟੀ ਆਈ (ਇ:) ਰਈਆ ਐਟ ਭਿੰਡਰ ਅਤੇ ਬੇਰੀ ਗੇਟ ਅੰਮ੍ਰਿਤਸਰ ਦੇ ਕਰਮਚਾਰੀਆਂ ਤੇ ਸਿਖਿਆਰਥਣਾਂ ਵਲੋਂ ਬਣਾਏ ਗਏ ਮਾਸਕ ਸ੍ਰੀ ਓਪੀ ਸੋਨੀ ਨੂੰ ਭੇਂਟ ਕਰਦੇ ਹੋਏ। ਨਾਲ ਹਨ ਕੈਪਟਨ ਸੰਜੀਵ ਸ਼ਰਮਾ

===========